# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 pm**

**ਮਿਤੀ : 09-06-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ, 140 ਕਰੋੜ ਭਾਰਤੀਆਂ ਦੇ ਆਸ਼ੀਰਵਾਦ ਅਤੇ ਸਮੂਹਿਕ ਹਿੱਸੇਦਾਰੀ ਨਾਲ, ਦੇਸ਼ ਨੇ ਪਿਛਲੇ 11 ਸਾਲਾਂ ਵਿੱਚ ਵੱਖ-ਵੱਖ ਖੇਤਰਾਂ ਵਿੱਚ ਤੇਜ਼ੀ ਨਾਲ ਬਦਲਾਅ ਦੇਖੇ ਨੇ।ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਮੋਦੀ ਨੇ ਕਿਹਾ ਕਿ ਸਬਕਾ ਸਾਥ, ਸਬਕਾ ਵਿਕਾਸ, ਸਬਕਾ ਵਿਸ਼ਵਾਸ, ਸਬਕਾ ਪ੍ਰਯਾਸ ਦੇ ਸਿਧਾਂਤ ਤੋਂ ਪ੍ਰੇਰਿਤ ਹੋ ਕੇ, NDA ਸਰਕਾਰ ਨੇ ਗਤੀ, ਪੈਮਾਨੇ ਅਤੇ ਸੰਵੇਦਨਸ਼ੀਲਤਾ ਨਾਲ ਮਹੱਤਵਪੂਰਨ ਬਦਲਾਅ ਕੀਤੇ ਨੇ। ਸ਼੍ਰੀ ਮੋਦੀ ਨੇ ਕਿਹਾ ਕਿ ਇਸ ਸਮੇਂ ਦੌਰਾਨ, ਆਰਥਿਕ ਵਿਕਾਸ ਤੋਂ ਲੈ ਕੇ ਸਮਾਜਿਕ ਉੱਨਤੀ ਤੱਕ, ਸਮਾਵੇਸ਼ੀ ਅਤੇ ਸਰਬਪੱਖੀ ਵਿਕਾਸ 'ਤੇ ਧਿਆਨ ਕੇਂਦਰਿਤ ਕੀਤਾ ਗਿਆ ਏ। ਪ੍ਰਧਾਨ ਮੰਤਰੀ ਨੇ ਕਿਹਾ ਏ ਕਿ, ਅੱਜ ਦੇਸ਼ ਨਾ ਸਿਰਫ਼ ਸਭ ਤੋਂ ਤੇਜ਼ੀ ਨਾਲ ਵਧ ਰਹੀ ਵੱਡੀ ਆਰਥਿਕਤਾ ਏ, ਸਗੋਂ ਜਲਵਾਯੂ ਕਾਰਵਾਈ ਅਤੇ ਡਿਜੀਟਲ ਨਵੀਆਂ ਕਾਢਾਂ ਵਰਗੇ ਅਹਿਮ ਮੁੱਦਿਆਂ 'ਤੇ ਇੱਕ ਪ੍ਰਮੁੱਖ

ਆਲਮੀ ਆਵਾਜ਼ ਵੀ ਏ। ਉਨ੍ਹਾਂ ਇਹ ਵੀ ਕਿਹਾ ਕਿ ਭਾਰਤ ਇੱਕ ਵਿਕਸਤ ਭਾਰਤ ਦੇ ਨਿਰਮਾਣ ਲਈ ਉਮੀਦ, ਵਿਸ਼ਵਾਸ ਅਤੇ ਨਵੇਂ ਇਰਾਦੇ ਨਾਲ ਅੱਗੇ ਵਧ ਰਿਹਾ ਏ।ਪ੍ਰਧਾਨ ਮੰਤਰੀ ਨੇ ਲੋਕਾਂ ਨੂੰ ਭਾਰਤ ਦੀ ਵਿਕਾਸ ਯਾਤਰਾ ਨੂੰ ਜਾਨਣ ਲਈ, ਨਮੋ ਐਪ 'ਤੇ ਉਪਲਬਧ ਵੀਡੀਓਜ਼, ਇਨਫੋਗ੍ਰਾਫਿਕਸ ਅਤੇ ਲੇਖਾਂ ਵਰਗੇ ਮਾਧਿਅਮਾਂ ਰਾਹੀਂ ਜੁੜਨ ਦਾ ਸੱਦਾ ਦਿੱਤਾ।

-----------------------------------------------------------------------------------

ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਕੱਲ੍ਹ ਆਪਣੇ ਹੁਸ਼ਿਆਰਪੁਰ ਦੌਰੇ ਦੌਰਾਨ, ਫਤਿਹਗੜ੍ਹ ਪਿੰਡ ਵਿਖੇ ਮੁੜ ਵਸੇਬਾ ਕੇਂਦਰ ਦਾ ਦੌਰਾ ਕੀਤਾ। ਇਸ ਮੌਕੇ, ਉਨ੍ਹਾਂ ਨੂੰ ਪੰਜਾਬ ਪੁਲਿਸ ਦੀ ਇੱਕ ਟੁਕੜੀ ਵੱਲੋਂ ਗਾਰਡ ਆਫ਼ ਆਨਰ ਦਿੱਤਾ ਗਿਆ। ਰਾਜਪਾਲ ਨੇ ਕੇਂਦਰ ਵਿੱਚ, ਜ਼ੇਰੇ ਇਲਾਜ ਮਰੀਜ਼ਾਂ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਨੂੰ ਆਪਣੀ ਜ਼ਿੰਦਗੀ ਨਵੇਂ ਸਿਰੇ ਤੋਂ ਸ਼ੁਰੂ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਨਸ਼ਾ ਛੱਡਣ ਵਾਲੇ ਕੁਝ ਨੌਜਵਾਨਾਂ ਨੇ ਆਪਣੇ ਤਜ਼ਰਬੇ ਸਾਂਝੇ ਕੀਤੇ ਅਤੇ ਇਹ ਤਜ਼ਰਬੇ ਮੌਜੂਦਾ ਮਰੀਜ਼ਾਂ ਲਈ ਪ੍ਰੇਰਨਾ ਸਰੋਤ ਬਣੇ।ਇਸ ਦੌਰਾਨ,

ਰਾਜਪਾਲ ਨੇ ਪੂਰੇ ਕੇਂਦਰ ਦਾ ਦੌਰਾ ਕੀਤਾ ਅਤੇ ਉੱਥੇ ਉਪਲਬਧ ਸਹੂਲਤਾਂ ਦਾ ਜਾਇਜ਼ਾ ਲਿਆ। ਰਾਜਪਾਲ ਨੇ ਉੱਥੇ ਚੱਲ ਰਹੇ ਸਿਖਲਾਈ ਕੋਰਸਾਂ ਬਾਰੇ ਵੀ ਜਾਣਕਾਰੀ ਪ੍ਰਾਪਤ ਕੀਤੀ। ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਰਾਜਪਾਲ ਨੂੰ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ, ਕੇਂਦਰ ਵਿੱਚ ਵੱਖ-ਵੱਖ ਤਰਾਂ ਦੇ ਖਾਣੇ ਪਕਾਉਣ, ਹੇਅਰ ਡ੍ਰੈਸਰ ਅਤੇ ਸੈਲੂਨ ਦੇ ਕੰਮ ਵਰਗੇ ਕਿੱਤਾਮੁਖੀ ਸਿਖਲਾਈ ਕੋਰਸ ਕਰਵਾ ਰਿਹਾ ਏ।ਬਾਅਦ ਵਿੱਚ, ਹੁਸ਼ਿਆਰਪੁਰ ਦੇ DAV ਕਾਲਜ ਆਫ ਐਜੂਕੇਸ਼ਨ ਵਿਖੇ ਕਰਵਾਏ ਇੱਕ ਸਮਾਰੋਹ ਦੌਰਾਨ, ਪਿੰਡ ਤੇ ਵਾਰਡ ਡਿਫੈਂਸ ਕਮੇਟੀਆਂ ਦੇ ਮੈਂਬਰਾਂ ਨੂੰ ਸੰਬੋਧਨ ਕਰਦਿਆਂ, ਰਾਜਪਾਲ ਨੇ ਕਿਹਾ ਕਿ ਇਨ੍ਹਾਂ ਕਮੇਟੀਆਂ ਦੀ ਭੂਮਿਕਾ ਨਸ਼ਾ ਵਿਰੋਧੀ ਮੁਹਿੰਮ ਵਿਚ ਬਹੁਤ ਅਹਿਮ ਏ। ਉਨ੍ਹਾਂ ਪ੍ਰਸ਼ਾਸਨ ਨੂੰ ਅਪੀਲ ਕੀਤੀ ਕਿ, ਇਨ੍ਹਾਂ ਕਮੇਟੀਆਂ ਨੂੰ ਹੋਰ ਸ਼ਕਤੀਸ਼ਾਲੀ ਬਣਾਇਆ ਜਾਵੇ ਤਾਂ ਜੋ ਇਹ ਨਸ਼ਾ ਤਸਕਰਾਂ ਦੀ ਪਛਾਣ ਕਰਨ ਅਤੇ ਉਨ੍ਹਾਂ ਨੂੰ ਰੋਕਣ ਵਿਚ ਫੈਸਲਾਕੁੰਨ ਭੂਮਿਕਾ ਨਿਭਾਅ ਸਕਣ।

---

ਰੂਪਨਗਰ ਜ਼ਿਲ੍ਹਾ ਜੇਲ੍ਹ 'ਚ ਨਸ਼ਾ ਅਤੇ ਹੋਰ ਵਰਜਿਤ ਵਸਤੂਆਂ ਦੀ

ਤਸਕਰੀ ਕਰਨ ਵਾਲੇ ਗਿਰੋਹ ਦਾ ਪਰਦਾਫਾਸ਼ ਕੀਤਾ ਗਿਆ ਏ। SSP ਰੂਪਨਗਰ ਨੇ ਇਸ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਏ ਕਿ, ਮੁਲਜ਼ਮ ਹੋਲਦਾਰ ਕੁਲਦੀਪ ਸਿੰਘ ਨੂੰ ਗ੍ਰਿਫਤਾਰ ਕਰਕੇ, ਉਸ ਪਾਸੋਂ 101 ਗ੍ਰਾਮ ਚਰਸ, 154 ਨਸ਼ੀਲੇ ਕੈਪਸੂਲ, 80 ਨਸ਼ੀਲੀਆਂ ਗੋਲੀਆਂ ਅਤੇ 6 ਤੰਬਾਕੂ ਦੀ ਪੁੜੀਆਂ ਬਰਾਮਦ ਕੀਤੀਆਂ ਗਈਆਂ ਨੇ। ਉਨ੍ਹਾਂ ਨੇ ਦੱਸਿਆ ਕਿ ਜ਼ਿਲ੍ਹਾ ਜੇਲ੍ਹ ਨੂੰ ਇਤਲਾਹ ਮਿਲੀ ਸੀ ਕਿ ਜੇਲ੍ਹ ਅੰਦਰ ਡਿਊਟੀ ਕਰਦੇ ਹੋਲਦਾਰ ਕੁਲਦੀਪ ਸਿੰਘ ਵਲੋਂ ਵਰਜਿਤ ਵਸਤੂਆਂ ਮਿਲੀਆਂ ਨੇ, ਜਿਸ ਤੇ ਤੁਰੰਤ ਕਾਰਵਾਈ ਕਰਦਿਆਂ ਹੋਇਆਂ, ਉਸ ਖਿਲਾਫ ਮੁਕੱਦਮਾ ਦਰਜ ਕੀਤਾ ਗਿਆ। ਉਨ੍ਹਾਂ ਅੱਗੇ ਦੱਸਿਆ ਕਿ ਮੁਲਜ਼ਮ ਕੋਲੋ ਪੁੱਛਗਿੱਛ ਕਰਨ 'ਤੇ ਇਸ ਕੰਮ ਵਿੱਚ ਸ਼ਾਮਲ ਕੁਲਦੀਪ ਸਿੰਘ ਦੇ ਸਾਥੀ ਕੈਦੀਆਂ ਨੂੰ ਵੀ ਗ੍ਰਿਫਤਾਰ ਕੀਤਾ ਗਿਆ ਏ ਅਤੇ ਇੱਕ ਹੋਰ ਮੁਲਜ਼ਮ ਨੂੰ ਵੀ ਜਲਦੀ ਹੀ ਗ੍ਰਿਫਤਾਰ ਕੀਤਾ ਜਾਵੇਗਾ। ਸੀਨੀਅਰ ਪੁਲਿਸ ਕਪਤਾਨ ਨੇ ਕਿਹਾ ਏ ਕਿ, ਜੇਲ੍ਹ ਅੰਦਰ ਨਸ਼ਾ ਤਸਕਰੀ ਨੂੰ ਕਿਸੇ ਵੀ ਤਰ੍ਹਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

---

ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਫਰੀਦਕੋਟ ਵਿੱਚ, ਡਾ. ਚੰਦਾ ਸਿੰਘ ਮਰਵਾਹਾ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਵਿਖੇ ਹੁਸ਼ਿਆਰ, ਹੋਣਹਾਰ ਤੇ ਟਾਪਰ ਵਿਦਿਆਰਥਣਾ ਨੂੰ ਸਨਮਾਨਿਤ ਕਰਨ ਲਈ ਕਰਵਾਏ ਗਏ ਸਨਮਾਨ ਸਮਾਰੋਹ ਵਿੱਚ ਸ਼ਿਰਕਤ ਕੀਤੀ। ਇਸ ਮੌਕੇ, ਸ਼੍ਰੀ ਸੰਧਵਾਂ ਨੇ ਸੰਬੋਧਨ ਕਰਦਿਆਂ ਕਿਹਾ ਕਿ, ਮਿਹਨਤ ਨਾਲ ਹਰ ਟੀਚੇ ਨੂੰ ਪ੍ਰਾਪਤ ਕੀਤਾ ਜਾ ਸਕਦਾ ਏ. ਉਨ੍ਹਾਂ ਨੇ ਕਿਹਾ ਕਿ, ਮਿਹਨਤੀ ਤੇ ਪੜ੍ਹਾਈ ਵਿੱਚ ਹੁਸ਼ਿਆਰ ਬੱਚੇ ਆਪਣੇ ਮਾਤਾ -ਪਿਤਾ ਦਾ ਸਤਿਕਾਰ ਵੀ ਜ਼ਰੂਰ ਕਰਦੇ ਨੇ ਅਤੇ ਉਨ੍ਹਾਂ ਦਾ ਜਿੰਦਗੀ ਵਿੱਚ, ਕਾਮਯਾਬ ਹੋਣਾ ਤੇ ਚੰਗੇ ਇਨਸਾਨ ਬਣਨਾ ਸੁਭਾਵਿਕ ਏ।ਸ਼੍ਰੀ ਸੰਧਵਾਂ ਨੇ ਕਿਹਾ ਕਿ ‘ਪੰਜਾਬ ਸਰਕਾਰ’ ਵੱਲੋਂ ਟਾਪਰ ਵਿਦਿਆਰਥੀਆਂ ਨੂੰ 51-51 ਹਜ਼ਾਰ ਰੁਪਏ ਨਗਦ ਰਕਮ ਇਨਾਮ ਦੇ ਰੂਪ ਵਿੱਚ ਦੇਣ ਦਾ ਸਿਲਸਿਲਾ ਲਗਾਤਾਰ ਜਾਰੀ ਏ। ਉਨ੍ਹਾਂ ਦਸਵੀਂ ਜਮਾਤ ਦੇ ਨਤੀਜਿਆਂ ਮੁਤਾਬਿਕ 100 ਫੀਸਦੀ ਅੰਕ ਪ੍ਰਾਪਤ ਕਰਨ ਵਾਲੀਆਂ ਵਿਦਿਆਰਥਣਾਂ ਨੂੰ ਪੰਜਾਬ ਚੰਡੀਗੜ੍ਹ ਜਰਨਲਿਸਟ ਯੂਨੀਅਨ

ਵਲੋਂ ਪੰਜ-ਪੰਜ ਹਜ਼ਾਰ ਰੁਪਏ ਦੇ ਚੈੱਕ ਵੰਡੇ। ਇਸ ਮੌਕੇ ਵੱਡੀ ਗਿਣਤੀ ਵਿੱਚ ਨਾਮਵਰ ਹਸਤੀਆਂ ਸਮੇਤ ਸਿਆਸੀ, ਗੈਰ ਸਿਆਸੀ, ਸਮਾਜਿਕ, ਧਾਰਮਿਕ, ਵਿਦਿਅਕ ਤੇ ਖੇਡਾਂ ਦੇ ਖੇਤਰ ਨਾਲ ਜੁੜੀਆਂ ਉੱਘੀਆਂ ਸ਼ਖਸ਼ੀਅਤਾਂ ਵੀ ਹਾਜ਼ਰ ਸਨ।

---------------------------------------------------------------------------------

ਫਿਰੋਜ਼ਪੁਰ ਡਿਵਿਜ਼ਨ 'ਚ ਫਿਟ ਇੰਡੀਆ ਮਿਸ਼ਨ ਤਹਿਤ ਕੱਲ੍ਹ ਡਵੀਜ਼ਨ ਦੇ ਦਫਤਰ ਤੋਂ ਮੁਕਤਸਰ ਰੋਡ ਤਕ ਇੱਕ ਵਿਸ਼ੇਸ਼ ਸਾਇਕਲ ਰੈਲੀ ਕਰਾਈ ਗਈ. ਪ੍ਰੋਗ੍ਰਾਮ ਦੀ ਪ੍ਰਧਾਨਗੀ ਡਿਵਿਜ਼ਨ ਦੇ ਰੇਲ ਪ੍ਰਬੰਧਕ ਸ਼੍ਰੀ ਸੰਜੈ ਸਾਹੂ ਨੇ ਕੀਤੀ. ਇਸ ਮੌਕੇ ਵਖ – ਵਖ ਅਧਿਕਾਰੀਆਂ, ਮੁਲਾਜ਼ਮਾਂ ਅਤੇ ਓਹਨਾਂ ਦੇ ਪਰਿਵਾਰਕ ਮੈਂਬਰਾਂ ਨੇ ਹਿੱਸਾ ਲਿਆ.

---------------------------------------------------------------------------------

ਮੌਸਮ ਵਿਭਾਗ ਨੇ ਅੱਜ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਦੇ ਵੱਖ-ਵੱਖ ਹਿਸਿਆਂ ਵਿੱਚ ਲੂਅ ਚੱਲਣ ਦੀ ਪੇਸ਼ੀਨਗੋਈ ਕੀਤੀ ਏ। ਵਿਭਾਗ ਨੇ ਕਿਹਾ ਏ ਕਿ ਰਾਤ ਦੇ ਸਮੇਂ ਵੀ ਮੌਸਮ ਗਰਮ ਰਹਿਣ ਦੀ ਸੰਭਾਵਨਾ ਏ। ਧੂੜ ਭਰੀ ਹਨ੍ਹੇਰੀ ਚੱਲਣ ਦੀ ਵੀ ਸੰਭਾਵਨਾ ਜਤਾਈ ਗਈ ਏ। ਪੰਜਾਬ ਦੇ ਕੁਝ

ਹਿੱਸਿਆਂ ਵਿੱਚ ਅੱਜ ਬਿਜਲੀ ਗਰਜਣ ਅਤੇ ਤੇਜ਼ ਹਵਾਵਾਂ ਦੇ ਨਾਲ ਮੀਂਹ ਪੈਣ ਦੀ ਵੀ ਸੰਭਾਵਨਾ ਏ।